ਸਰਕਾਰੀ ਡਾਇਰੀ

ਸ਼ੁਤਰਾਣਾ ਹਲਕੇ ਦੇ 56 ਪਿੰਡਾਂ ਦੀ 68,500 ਏਕੜ ਜ਼ਮੀਨ ਨੂੰ ਮਿਲਿਆ ਸਿੰਜਾਈ ਲਈ ਨਹਿਰੀ ਪਾਣੀ : ਬਰਿੰਦਰ ਗੋਇਲ

ਬਾਦਸ਼ਾਹਪੁਰ ਵਿਖੇ ਘੱਗਰ ਦੇ ਕਿਨਾਰੇ ਪੱਥਰ ਤੇ ਜਾਲੀ ਲਗਾ ਕੇ ਮਜ਼ਬੂਤ ਕੀਤੇ

ਪਟਿਆਲਾ/ਸ਼ੁਤਰਾਣਾ/ਪਾਤੜਾਂ, 30 ਜੁਲਾਈ (ਤਪਿੰਦਰ ਸਿੰਘ/ਵਿਕਰਮ ਸਿੰਘ ਮਦਾਨ) : ਪੰਜਾਬ ਦੇ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਸ਼ੁਤਰਾਣਾ ਹਲਕੇ ਦੇ ਪਿੰਡ ਬੂਟਾ ਸਿੰਘ ਵਾਲਾ ਤੇ ਬਾਦਸ਼ਾਹਪੁਰ ਵਿਖੇ ਨਹਿਰੀ ਪਾਣੀ ਸਿੰਚਾਈ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ। ਇਸ ਮੌਕੇ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੀ ਹਾਜ਼ਰ ਸਨ, ਜਿਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਦਾ ਕਿਸਾਨਾਂ ਨੂੰ ਇਹ ਵੱਡਾ ਤੋਹਫ਼ਾ ਦੇਣ ਲਈ ਧਨਵਾਦ ਕੀਤਾ। ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਸਹੂਲਤ ਮੁਹਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ੁਤਰਾਣਾ ਹਲਕੇ ਵਿਚ 80.35 ਕਰੋੜ ਰੁਪਏ ਦੀ ਲਾਗਤ ਨਾਲ 137.13 ਕਿਲੋਮੀਟਰ ਨਹਿਰਾਂ, ਰਜਬਾਹਿਆਂ ਅਤੇ ਸਬ-ਮਾਈਨਰਾਂ ਦਾ ਨਵੀਨੀਕਰਨ ਕੀਤਾ ਗਿਆ ਹੈ, ਜਿਸ ਨਾਲ 56 ਪਿੰਡਾਂ ਦੀ ਲਗਭਗ 68,500 ਏਕੜ ਜ਼ਮੀਨ ਨੂੰ ਸਿੰਚਾਈ ਲਈ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ। ਉਨ੍ਹਾਂ ਦਸਿਆ ਕਿ ਇਸ ਤਹਿਤ 2 ਨਹਿਰਾਂ, 14 ਕੁੱਲ ਮਾਈਨਰ ਅਤੇ ਸਬ-ਮਾਈਨਰਾਂ ਦਾ ਨਵੀਨੀਕਰਨ ਕੀਤਾ ਗਿਆ ਹੈ। ਇਸ ਤੋਂ ਇਲਾਵਾ 53.9 ਕਿਲੋਮੀਟਰ ਪਾਈਪਲਾਈਨਾਂ ਵਿਛਾਈਆਂ ਗਈਆਂ ਹਨ, ਜਿਨ੍ਹਾਂ 'ਤੇ 8.89 ਕਰੋੜ ਰੁਪਏ ਦੀ ਲਾਗਤ ਆਈ ਹੈ। ਇਨ੍ਹਾਂ ਪਾਈਪ ਲਾਈਨਾਂ ਰਾਹੀਂ 18 ਪਿੰਡਾਂ ਦੀ ਕਰੀਬ 9,302 ਏਕੜ ਜ਼ਮੀਨ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ। ਮੰਤਰੀ ਨੇ ਬਾਦਸ਼ਾਹਪੁਰ ਵਿਖੇ ਘੱਗਰ ਬੰਨ੍ਹ ਮਜ਼ਬੂਤ ਕਰਨ ਦਾ ਜਾਇਜ਼ਾ ਲਿਆ ਅਤੇ ਦਸਿਆ ਕਿ ਡਰੇਨੇਜ ਵਿਭਾਗ ਨੇ ਘੱਗਰ ਦੇ ਕਿਨਾਰੇ, ਜਿੱਥੇ ਕਿਤੇ ਢਾਹ ਲੱਗਣ ਦਾ ਖ਼ਦਸ਼ਾ ਸੀ, ਉੱਥੇ 1000 ਫ਼ੁਟ ਖੇਤਰ 'ਤੇ 2.46 ਕਰੋੜ ਰੁਪਏ ਖਰਚ ਕਰ ਕੇ ਪੱਥਰ ਤੇ ਜਾਲੀ ਲਗਾ ਕੇ ਮਜ਼ਬੂਤ ਕੀਤਾ ਹੈ। ਪੱਤਰਕਾਰਾਂ ਵਲੋਂ ਪੁੱਛੇ ਇਕ ਸਵਾਲ ਦੇ ਜਵਾਬ ਵਿਚ ਬਰਿੰਦਰ ਗੋਇਲ ਨੇ ਕਿਹਾ ਕਿ ਡਰੇਨੇਜ ਵਿਭਾਗ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਹਦਾਇਤ ਅਨੁਸਾਰ ਪਿਛਲੇ ਸਾਲ ਦੌਰਾਨ ਘੱਗਰ ਦੇ ਬੰਨ੍ਹ ਮਜ਼ਬੂਤ ਕਰਨ ਲਈ ਜੋ ਕੰਮ ਕੀਤਾ ਉਹ ਕਦੇ ਪਿਛਲੇ 50 ਸਾਲਾਂ ਵਿਚ ਨਹੀਂ ਹੋਇਆ, ਜਿਸ ਕਰ ਕੇ ਲੰਘੇ ਸਾਲ ਘੱਗਰ ਨਦੀ ਵਿਚ ਬਹੁਤਾਤ ਵਿਚ ਆਏ ਪਾਣੀ ਦੇ ਬਾਵਜੂਦ ਕਿਸੇ ਵੀ ਥਾਂ 'ਤੇ ਕੋਈ ਬੰਨ੍ਹ ਨਹੀਂ ਟੁੱਟਿਆ। ਉਨ੍ਹਾਂ ਦਸਿਆ ਕਿ ਬਾਦਸ਼ਾਹਪੁਰ ਵਿਖੇ ਵੀ ਖਨੌਰੀ ਦੀ ਤਰ੍ਹਾਂ ਗੇਜ ਲਗਾਈ ਜਾਵੇਗੀ ਅਤੇ ਹੁਣ ਤਕ ਹੜ੍ਹਾਂ ਤੋਂ ਬਚਾਅ ਦੇ ਕਾਰਜ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਉਹ ਕਾਰ ਸੇਵਾ, ਲੋਕਾਂ ਤੇ ਸਮਾਜ ਸੇਵੀ ਸੰਸਥਾਵਾਂ ਵਲੋਂ ਦਿਤੇ ਸਹਿਯੋਗ ਲਈ ਧਨਵਾਦੀ ਹਨ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਕੈਬਨਿਟ ਮੰਤਰੀ ਗੋਇਲ ਤੀਜੀ ਵਾਰ ਸ਼ੁਤਰਾਣਾ ਹਲਕੇ ਵਿਚ ਆ ਕੇ ਉਦਘਾਟਨ ਕਰ ਕੇ ਗਏ ਹਨ, ਤੇ ਕਿਸਾਨਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੰਜਾਬ ਸਰਕਾਰ ਨੇ ਪੂਰਾ ਕੀਤਾ ਹੈ। ਉਨ੍ਹਾਂ ਕਿਹਾ ਕਿ ਘੱਗਰ ਤੋਂ ਪਾਰਲੇ ਪਿੰਡਾਂ ਤਕ ਵੀ ਇਹ ਸਹੂਲਤ ਪ੍ਰਦਾਨ ਕੀਤੀ ਜਾਵੇਗੀ ਤੇ ਇਨ੍ਹਾਂ ਪ੍ਰਾਜੈਕਟਾਂ ਨਾਲ ਕਿਸਾਨਾਂ ਨੂੰ ਵੱਡਾ ਲਾਭ ਮਿਲੇਗਾ ਤੇ ਖੇਤੀਬਾੜੀ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਸਾਬਕਾ ਵਿਧਾਇਕ ਵਨਿੰਦਰ ਕੌਰ ਲੂੰਬਾ, ਡਰੇਨੇਜ ਵਿਭਾਗ ਦੇ ਨਿਗਰਾਨ ਇੰਜੀਨੀਅਰ ਰਜਿੰਦਰ ਘਈ, ਸਿੰਚਾਈ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਗੁਨਦੀਪ ਸਿੰਘ, ਆਕਾਸ਼ ਅਗਰਵਾਲ, ਸਮੇਤ ਵੱਡੀ ਗਿਣਤੀ ਕਿਸਾਨ, ਇਲਾਕਾ ਨਿਵਾਸੀ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਮੋਹਿੰਦਰ ਭਗਤ ਵਲੋਂ ਬਾਗ਼ਬਾਨੀ ਵਿਭਾਗ ਵਿਚ ਭਰਤੀ ਪ੍ਰਕਿਰਿਆ ਜਲਦ ਪੂਰੀ ਕਰਨ ਦੇ ਨਿਰਦੇਸ਼

ਚੰਡੀਗੜ੍ਹ, 30 ਜੁਲਾਈ (ਸਸਸ) : ਸੂਬਾ ਸਰਕਾਰ ਬਾਗ਼ਬਾਨੀ ਖੇਤਰ ਦੇ ਵਿਕਾਸ ਲਈ ਵਚਨਬੱਧ ਹੈ ਤੇ ਇਸ ਦਿਸ਼ਾ ਵਿਚ ਹਰ ਲੋੜੀਂਦਾ ਕਦਮ ਚੁੱਕਿਆ ਜਾ ਰਿਹਾ ਹੈ। ਇਸੇ ਮੰਤਵ ਦੀ ਪੂਰਤੀ ਲਈ ਬਾਗ਼ਬਾਨੀ, ਸੁਤੰਤਰਤਾ ਸੰਗਰਾਮੀ ਅਤੇ ਰਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਚੰਡੀਗੜ੍ਹ ਵਿਖੇ ਬਾਗ਼ਬਾਨੀ ਵਿਭਾਗ ਦੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਵਿਭਾਗ ਵਿਚ ਚੱਲ ਰਹੀ ਭਰਤੀ ਪ੍ਰਕਿਰਿਆ ਜਲਦ ਤੋਂ ਜਲਦ ਮੁਕੰਮਲ ਕਰਨ ਦੇ ਨਿਰਦੇਸ਼ ਦਿਤੇ। ਮੋਹਿੰਦਰ ਭਗਤ ਨੇ ਕਿਹਾ ਕਿ ਵਿਭਾਗ ਵਿਚ ਲੋੜੀਂਦਾ ਸਟਾਫ਼ ਉਪਲਬਧ ਹੋਣ ਨਾਲ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਸਕੇਗਾ ਤੇ ਬਾਗ਼ਬਾਨਾਂ ਨੂੰ ਸਮੇਂ ਸਿਰ ਬਿਹਤਰ ਸੇਵਾਵਾਂ ਮਿਲਣਗੀਆਂ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਭਰਤੀ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ। ਮੀਟਿੰਗ ਦੌਰਾਨ ਸਕੱਤਰ ਬਾਗ਼ਬਾਨੀ ਅਰਸ਼ਦੀਪ ਸਿੰਘ ਥਿੰਦ ਤੇ ਡਾਇਰੈਕਟਰ ਬਾਗ਼ਬਾਨੀ ਮਨੀਸ਼ ਕੁਮਾਰ ਨੇ ਕੈਬਨਿਟ ਮੰਤਰੀ ਨੂੰ ਵਿਭਾਗ ਵਲੋਂ ਚਲਾਏ ਜਾ ਰਹੇ ਵੱਖ-ਵੱਖ ਪ੍ਰੋਗਰਾਮਾਂ, ਵਿਕਾਸ ਕਾਰਜਾਂ ਅਤੇ ਹੋਰ ਅਹਿਮ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿਤੀ। ਕੈਬਨਿਟ ਮੰਤਰੀ ਨੇ ਵਿਭਾਗ ਦੇ ਪ੍ਰਾਜੈਕਟਾਂ ਦੀ ਪ੍ਰਗਤੀ 'ਤੇ ਤਸੱਲੀ ਪ੍ਰਗਟ ਕਰਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਬਾਗ਼ਬਾਨੀ ਖੇਤਰ ਨਾਲ ਜੋੜਨ ਤੇ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਪਹੁੰਚਾਉਣ ਲਈ ਉਨ੍ਹਾਂ ਨਾਲ ਲਗਾਤਾਰ ਸੰਪਰਕ ਰਖਿਆ ਜਾਵੇ।

ਮਿਆਰੀ ਤੇ ਪੌਸ਼ਟਿਕ ਖ਼ੁਰਾਕ ਸਬੰਧੀ ਫ਼ੂਡ ਸੇਫ਼ਟੀ ਸੈਮੀਨਾਰ ਦਾ ਆਯੋਜਨ

ਪਟਿਆਲਾ, 30 ਜੁਲਾਈ (ਤਪਿੰਦਰ ਸਿੰਘ) : ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਹੋਟਲ ਸ਼ੌਰਿਆ ਵਿਖੇ 'ਰੰਗਲਾ ਪੰਜਾਬ ਸਾਡੀ ਸਾਂਝੀ ਜ਼ਿੰਮੇਵਾਰੀ—ਸੁਰੱਖਿਅਤ ਅਤੇ ਪੌਸ਼ਟਿਕ ਖ਼ੁਰਾਕ, ਚੰਗੀ ਸਿਹਤ ਦਾ ਆਧਾਰ' ਵਿਸ਼ੇ 'ਤੇ ਕਰਵਾਏ ਗਏ ਫ਼ੂਡ ਸੇਫ਼ਟੀ ਸੈਮੀਨਾਰ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਹ ਸੈਮੀਨਾਰ ਡਿਪਟੀ ਕਮਿਸ਼ਨਰ ਪਟਿਆਲਾ, ਸਿਵਲ ਸਰਜਨ ਦਫ਼ਤਰ ਅਤੇ ਫ਼ੂਡ ਸੇਫ਼ਟੀ ਵਿਭਾਗ ਦੇ ਸਾਂਝੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ 'ਜੈਸਾ ਅੰਨ, ਵੈਸਾ ਮਨ' ਸਿਰਫ਼ ਇਕ ਕਹਾਵਤ ਨਹੀਂ, ਸਗੋਂ ਸਿਹਤਮੰਦ ਜੀਵਨ ਦਾ ਮੂਲ ਮੰਤਰ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਸ਼ੁੱਧ ਹਵਾ ਅਤੇ ਸਾਫ਼ ਪਾਣੀ ਮਨੁੱਖੀ ਸਿਹਤ ਲਈ ਜ਼ਰੂਰੀ ਹਨ, ਉਸੇ ਤਰ੍ਹਾਂ ਸੁਰੱਖਿਅਤ, ਪੌਸ਼ਟਿਕ ਅਤੇ ਮਿਆਰੀ ਖ਼ੁਰਾਕ ਵੀ ਤੰਦਰੁਸਤ ਜੀਵਨ ਦਾ ਅਹਿਮ ਆਧਾਰ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸਿਰਜੇ ਜਾ ਰਹੇ 'ਰੰਗਲਾ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨ ਲਈ ਲੋਕਾਂ ਵਿਚ ਸਿਹਤਮੰਦ ਖਾਣ-ਪੀਣ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸਮੇਂ ਦੀ ਮੁੱਖ ਲੋੜ ਹੈ। ਇਸੇ ਉਦੇਸ਼ ਨਾਲ ਸੂਬਾ ਸਰਕਾਰ ਵਲੋਂ ਅਜਿਹੇ ਜਾਗਰੂਕਤਾ

■ 'ਰੰਗਲਾ ਪੰਜਾਬ' ਲਈ ਸੁਰੱਖਿਅਤ ਅਤੇ ਪੌਸ਼ਟਿਕ ਖ਼ੁਰਾਕ ਜ਼ਰੂਰੀ : ਡਾ. ਬਲਬੀਰ ਸਿੰਘ

ਸੈਮੀਨਾਰ ਲਗਾਤਾਰ ਕਰਵਾਏ ਜਾ ਰਹੇ ਹਨ। ਸਿਹਤ ਮੰਤਰੀ ਨੇ ਦਸਿਆ ਕਿ ਇਸ ਸੈਮੀਨਾਰ ਵਿਚ ਖੇਤੀਬਾੜੀ ਯੂਨੀਵਰਸਿਟੀ, ਗੁਰੂ ਅੰਗਦ ਦੇਵ ਵੈਟਰਨਰੀ ਐਂਡ ਐਨੀਮਲ ਸਾਇੰਸਿਜ਼ ਯੂਨੀਵਰਸਿਟੀ (ਗਡਵਾਸੂ) ਦੇ ਮਾਹਰਾਂ ਅਤੇ ਕੁਦਰਤੀ ਤੇ ਜੈਵਿਕ ਖੇਤੀ ਕਰਨ ਵਾਲੇ ਕਿਸਾਨਾਂ ਨੇ ਭਾਗ ਲਿਆ। ਉਨ੍ਹਾਂ ਕਿਹਾ ਕਿ ਇਹ ਸੰਸਥਾਵਾਂ ਆਪਸੀ ਤਾਲਮੇਲ ਨਾਲ ਨੌਜਵਾਨ ਪੀੜ੍ਹੀ ਨੂੰ ਰਸਾਇਣ-ਮੁਕਤ ਅਤੇ ਜੈਵਿਕ ਖ਼ੁਰਾਕ ਦੇ ਮਹੱਤਵ ਬਾਰੇ ਜਾਗਰੂਕ ਕਰਨਗੀਆਂ। ਉਨ੍ਹਾਂ ਕਿਹਾ ਕਿ ਜੈਵਿਕ ਖੇਤੀ ਕਰਨ ਵਾਲੇ ਕਿਸਾਨ ਰਸਾਇਣਕ ਖਾਦਾਂ ਤੇ ਕੀਟਨਾਸ਼ਕਾਂ ਦੀ ਵਰਤੋਂ ਤੋਂ ਪਰਹੇਜ਼ ਕਰਦੇ ਹਨ, ਜਿਸ ਨਾਲ ਸਿਹਤਮੰਦ ਅਤੇ ਗੁਣਵੱਤਾ ਭਰਪੂਰ ਅਨਾਜ ਤਿਆਰ ਹੁੰਦਾ ਹੈ। ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਵੱਧ ਤੋਂ ਵੱਧ ਕੁਦਰਤੀ ਅਤੇ ਜੈਵਿਕ ਖ਼ੁਰਾਕ ਅਪਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸਿਹਤਮੰਦ ਸਮਾਜ ਦੀ ਨੀਂਹ ਸੁਰੱਖਿਅਤ ਭੋਜਨ 'ਤੇ ਹੀ ਟਿਕੀ ਹੁੰਦੀ ਹੈ। ਉਨ੍ਹਾਂ ਇਹ ਵੀ ਦਸਿਆ ਕਿ ਸਿਹਤ ਵਿਭਾਗ ਵਲੋਂ ਫ਼ੂਡ ਬਿਜ਼ਨਸ ਆਪਰੇਟਰਾਂ ਅਤੇ ਖਾਣ-ਪੀਣ ਵਾਲੀਆਂ ਵਸਤਾਂ ਵੇਚਣ ਵਾਲੇ ਵਿਕਰੇਤਾਵਾਂ ਦੀ ਨਿਯਮਤ ਜਾਂਚ ਕੀਤੀ ਜਾਂਦੀ ਹੈ ਤਾਂ ਜੋ ਲੋਕਾਂ ਨੂੰ ਮਿਆਰੀ ਅਤੇ ਸੁਰੱਖਿਅਤ ਖ਼ੁਰਾਕ ਉਪਲਬਧ ਹੋ ਸਕੇ ਅਤੇ ਕਿਸੇ ਵੀ ਤਰ੍ਹਾਂ ਦੀ ਮਿਲਾਵਟ ਜਾਂ ਗ਼ੈਰ-ਮਿਆਰੀ ਖ਼ੁਰਾਕ ਨੂੰ ਰੋਕਿਆ ਜਾ ਸਕੇ। ਇਸ ਮੌਕੇ ਫ਼ੂਡ ਸੇਫ਼ਟੀ ਕਮਿਸ਼ਨਰ ਕੰਵਲਪ੍ਰੀਤ ਬਰਾੜ, ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਡੀਨ ਸੀ.ਓ.ਸੀ.ਐੱਸ. ਕਿਰਨ ਬੈਂਸ, ਵੀਸੀ.ਪੀ.ਏ.ਯੂ. ਡਾ. ਐੱਸ.ਐੱਸ. ਗੋਸਲ, ਵੀ.ਸੀ. ਗਡਵਾਸੂ ਜੇ. ਐਸ. ਗਿੱਲ, ਪਿੰਗਲਵਾੜਾ ਤੋਂ ਰਾਜਵੀਰ ਸਿੰਘ, ਰਵਨੀਤ ਕੌਰ, ਐਨ.ਜੀ.ਓ. ਮਿਸ ਪ੍ਰਗਤੀ, ਔਰਗੈਨਿਕ ਪ੍ਰੋਡਿਊਸਰ ਗੁਰਮੀਤ ਸਿੰਘ, ਖੇਤੀ ਵਿਰਾਸਤ ਮਿਸ਼ਨ ਉਮੇਂਦਰ ਦੱਤ, ਸਰਪੰਚ ਕਨਸੂਆ ਹਰਪ੍ਰੀਤ ਸਿੰਘ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਮਾਹਿਰ, ਕਿਸਾਨ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਜੁਆਇੰਟ ਡਾਇਰੈਕਟਰ ਸ਼ਿਖਾ ਨੇਹਰਾ 35 ਸਾਲਾਂ ਦੀ ਸਮਰਪਤ ਸੇਵਾਵਾਂ ਉਪਰੰਤ ਸੇਵਾਮੁਕਤ

ਚੰਡੀਗੜ੍ਹ, 30 ਜੁਲਾਈ (ਸਸਸ) : ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ ਦੀ ਜੁਆਇੰਟ ਡਾਇਰੈਕਟਰ ਸ਼ਿਖਾ ਨੇਹਰਾ ਅੱਜ 35 ਸਾਲਾਂ ਦੀ ਸ਼ਲਾਘਾਯੋਗ ਅਤੇ ਸਮਰਪਤ ਸਰਕਾਰੀ ਸੇਵਾ ਪੂਰੀ ਕਰਨ ਉਪਰੰਤ ਸੇਵਾਮੁਕਤ ਹੋ ਗਏ। ਉਨ੍ਹਾਂ ਦੇ ਸਨਮਾਨ ਵਿਚ ਕਰਵਾਏ ਗਏ ਵਿਦਾਇਗੀ ਸਮਾਰੋਹ ਦੌਰਾਨ ਸਟੇਟ ਮੀਡੀਆ ਮੁਖੀ ਬਲਤੇਜ ਸਿੰਘ ਪੰਨੂ ਨੇ ਸੇਵਾਮੁਕਤ ਹੋ ਰਹੇ ਅਧਿਕਾਰੀ ਨਾਲ ਅਪਣੇ ਲੰਬੇ ਸਾਥ ਨੂੰ ਯਾਦ ਕਰਦਿਆਂ ਕਿਹਾ ਕਿ ਸ਼ਿਖਾ ਨੇਹਰਾ ਨੇ ਹਮੇਸ਼ਾ ਨਿਡਰਤਾ, ਪੂਰੀ ਤਨਦੇਹੀ ਅਤੇ ਪੇਸ਼ੇਵਰ ਵਚਨਬੱਧਤਾ ਨਾਲ ਅਪਣੀਆਂ ਜ਼ਿੰਮੇਵਾਰੀਆਂ ਨਿਭਾਈਆਂ। ਉਨ੍ਹਾਂ ਕਿਹਾ ਕਿ ਉਹ ਵਿਭਾਗ ਲਈ ਇਕ ਬੇਸ਼ਕੀਮਤੀ ਸਾਬਤ ਹੋਏ ਹਨ। ਮੁੱਖ ਮੰਤਰੀ ਦੇ ਓਐਸਡੀ (ਮੀਡੀਆ) ਅਮਨਜੋਤ ਸਿੰਘ ਨੇ ਸ਼੍ਰੀਮਤੀ ਨੇਹਰਾ ਨੂੰ ਨਵੇਂ ਲੋਕ ਸੰਪਰਕ ਅਧਿਕਾਰੀਆਂ ਲਈ ਇਕ ਪ੍ਰੇਰਣਾਦਾਇਕ ਰੋਲ ਮਾਡਲ ਕਰਾਰ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਹਰ ਪੜਾਅ 'ਤੇ ਨੌਜਵਾਨ ਪੀ.ਆਰ. ਪੇਸ਼ੇਵਰਾਂ ਦੀ ਰਹਿਨੁਮਾਈ ਕੀਤੀ ਅਤੇ ਉਨ੍ਹਾਂ ਨੂੰ ਸਹੀ ਦਿਸ਼ਾ ਪ੍ਰਦਾਨ ਕੀਤੀ। ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੇ ਵਿਸ਼ੇਸ਼ ਸਕੱਤਰ-ਕਮ-ਡਾਇਰੈਕਟਰ ਪੁਨੀਤ ਗੋਇਲ ਨੇ ਸੇਵਾਮੁਕਤ ਅਫ਼ਸਰ ਨੂੰ ਉਨ੍ਹਾਂ ਦੇ ਭਵਿੱਖ ਦੇ ਜੀਵਨ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਪੇਸ਼ੇਵਰ ਕੁਸ਼ਲਤਾ, ਕਾਰਜ ਪ੍ਰਤੀ ਸਮਰਪਣ ਅਤੇ ਮਨੁੱਖੀ ਸੋਚ ਨੂੰ ਵਿਭਾਗ ਹਮੇਸ਼ਾ ਸਤਿਕਾਰ ਨਾਲ ਯਾਦ ਰੱਖੇਗਾ। ਅਪਣੇ ਸੰਬੋਧਨ ਵਿਚ ਸ਼੍ਰੀਮਤੀ ਸ਼ਿਖਾ ਨੇਹਰਾ ਨੇ 1991 ਵਿਚ ਸਹਾਇਕ ਲੋਕ ਸੰਪਰਕ ਅਧਿਕਾਰੀ (ਏਪੀਆਰਓ) ਵਜੋਂ ਵਿਭਾਗ ਵਿਚ ਸ਼ਾਮਲ ਹੋਣ ਤੋਂ ਲੈ ਕੇ ਅੱਜ ਤਕ ਦੇ ਅਪਣੇ ਸਫ਼ਰ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਦੌਰਾਨ ਖ਼ਾਸ ਕਰ ਕੇ ਤਕਨਾਲੋਜੀ ਦੇ ਖੇਤਰ ਵਿਚ ਵਿਭਾਗ ਦੇ ਕੰਮਕਾਜ ਵਿਚ ਬਹੁਤ ਵੱਡੇ ਬਦਲਾਅ ਆਏ ਹਨ। ਉਨ੍ਹਾਂ ਇਸ ਨਿੱਘੇ ਅਤੇ ਯਾਦਗਾਰੀ ਵਿਦਾਇਗੀ ਸਮਾਰੋਹ ਲਈ ਵਿਭਾਗ ਦਾ ਦਿਲੋਂ ਧਨਵਾਦ ਵੀ ਕੀਤਾ।

ਗੈਂਗਸਟਰਾਂ ਉਤੇ ਵਾਰ ਦੇ 191ਵੇਂ ਦਿਨ 611 ਥਾਈਂ ਛਾਪੇਮਾਰੀ, 310 ਗ੍ਰਿਫ਼ਤਾਰ

ਚੰਡੀਗੜ੍ਹ, 30 ਜੁਲਾਈ (ਸਸਸ) : ਸੂਬੇ ਵਿਚ ਚੱਲ ਰਹੀ ਮੁਹਿੰਮ 'ਗੈਂਗਸਟਰਾਂ ਉਤੇ ਵਾਰ' ਦੇ 191ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 611 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। 191ਵੇਂ ਦਿਨ, ਪੁਲਿਸ ਟੀਮਾਂ ਨੇ 12 ਹਥਿਆਰਾਂ ਸਮੇਤ 310 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 54,514 ਹੋ ਗਈਆਂ। ਇਸ ਤੋਂ ਇਲਾਵਾ 209 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 5 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁਧ ਅਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁਧ' ਨੂੰ 5165ਵੇਂ ਦਿਨ ਵੀ ਜਾਰੀ ਰਖਦਿਆਂ ਅੱਜ 101 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਤੇ ਉਨ੍ਹਾਂ ਦੇ ਕਬਜ਼ੇ ਵਿਚੋਂ 1.1 ਕਿਲੋ ਹੈਰੋਇਨ, 900 ਗ੍ਰਾਮ ਅਫ਼ੀਮ, 1747 ਨਸ਼ੀਲੀਆਂ ਗੋਲੀਆਂ ਅਤੇ 1300 ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ। ਪੰਜਾਬ ਪੁਲਿਸ ਨੇ ਅੱਜ 16 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

ਮੋਹਾਲੀ ਪੁਲਿਸ ਨੇ ਰਾਜਸਥਾਨ ਤੋਂ ਛੁਡਵਾਈ ਲੜਕੀ

ਜ਼ਬਰਦਸਤੀ ਵਿਆਹ ਕਰਵਾ ਕੇ ਵੇਚਣ ਦੇ ਮਾਮਲੇ 'ਚ 6 ਮੁਲਜ਼ਮ ਗ੍ਰਿਫ਼ਤਾਰ, ਹੋਰਾਂ ਦੀ ਭਾਲ ਜਾਰੀ

ਐਸ.ਏ.ਐਸ. ਨਗਰ, 30 ਜੁਲਾਈ (ਸਤਵਿੰਦਰ ਸਿੰਘ ਧੜਾਕ) : ਫ਼ਿਲਮਾਂ ਅਤੇ ਸ਼ੂਟਿੰਗ ਵਿਚ ਕੰਮ ਦਿਵਾਉਣ ਦਾ ਝਾਂਸਾ ਦੇ ਕੇ 18 ਸਾਲਾ ਲੜਕੀ ਨੂੰ ਅਗ਼ਵਾ ਕਰਨ, ਬੰਧਕ ਬਣਾਉਣ ਤੇ ਰਾਜਸਥਾਨ ਵਿਚ ਜ਼ਬਰਦਸਤੀ ਵਿਆਹ ਕਰਵਾ ਕੇ ਵੇਚਣ ਦੇ ਸਨਸਨੀਖੇਜ਼ ਮਾਮਲੇ ਦਾ ਮੋਹਾਲੀ ਪੁਲਿਸ ਨੇ ਪਰਦਾਫ਼ਾਸ਼ ਕੀਤਾ ਹੈ। ਪੁਲਿਸ ਨੇ ਪੀੜਤਾ ਨੂੰ ਰਾਜਸਥਾਨ ਤੋਂ ਸੁਰੱਖਿਅਤ ਬਰਾਮਦ ਕਰਦਿਆਂ ਇਸ ਮਾਮਲੇ ਵਿਚ 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਦਕਿ ਗਰੋਹ ਨਾਲ ਜੁੜੇ ਹੋਰ ਵਿਅਕਤੀਆਂ ਦੀ ਭਾਲ ਜਾਰੀ ਹੈ। ਡੀਐਸਪੀ ਸਿਟੀ-2 ਹਰਸਿਮਰਨ ਸਿੰਘ ਬੱਲ ਨੇ ਦਸਿਆ ਕਿ ਪਿੰਡ ਕੁੰਭੜਾ ਦੀ ਰਹਿਣ ਵਾਲੀ ਲੜਕੀ ਦੀ ਮਾਂ ਦੀ ਸ਼ਿਕਾਇਤ 'ਤੇ ਫੇਜ਼-8 ਥਾਣੇ ਵਿਚ ਕੇਸ ਦਰਜ ਕੀਤਾ ਗਿਆ ਸੀ। ਸ਼ਿਕਾਇਤ ਵਿਚ ਦੱਸਿਆ ਗਿਆ ਕਿ ਰੱਤਾ ਖੇੜਾ ਦੀ ਰਹਿਣ ਵਾਲੀ ਮਨਪ੍ਰੀਤ ਕੌਰ ਲੜਕੀ ਨੂੰ ਫ਼ਿਲਮਾਂ ਅਤੇ ਸ਼ੂਟਿੰਗ ਦੇ ਭੀੜ ਵਾਲੇ ਦ੍ਰਿਸ਼ਾਂ (ਕਰਾਊਡ ਰੋਲ) ਵਿਚ ਕੰਮ ਦਿਵਾਉਣ ਦਾ ਲਾਲਚ ਦੇ ਕੇ ਅਪਣੇ ਨਾਲ ਲੈ ਗਈ ਸੀ। ਕਰੀਬ ਤਿੰਨ ਮਹੀਨੇ ਪਹਿਲਾਂ ਉਹ ਲੜਕੀ ਨੂੰ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਰੱਤਾ ਖੇੜਾ ਲੈ ਗਈ, ਜਿਸ ਤੋਂ ਬਾਅਦ ਉਸ ਦਾ ਪਰਵਾਰ ਨਾਲ ਸੰਪਰਕ ਟੁੱਟ ਗਿਆ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਫੇਜ਼-8 ਥਾਣਾ ਪੁਲਿਸ ਨੇ ਤਕਨੀਕੀ ਸਬੂਤਾਂ ਅਤੇ ਮਨੁੱਖੀ ਸੂਤਰਾਂ ਦੀ ਮਦਦ ਨਾਲ ਜਾਂਚ ਸ਼ੁਰੂ ਕੀਤੀ। 26 ਜੁਲਾਈ ਨੂੰ ਮੱਲਾ ਵਾਲਾ (ਬਠਿੰਡਾ) ਤੋਂ ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ। ਪੁਛਗਿਛ ਦੌਰਾਨ ਖੁਲਾਸਾ ਹੋਇਆ ਕਿ ਲੜਕੀ ਨੂੰ ਰਾਜਸਥਾਨ ਭੇਜ ਕੇ ਪ੍ਰਮੋਦ ਕੁਮਾਰ ਨਾਮਕ ਵਿਅਕਤੀ ਨਾਲ ਜ਼ਬਰਦਸਤੀ ਵਿਆਹ ਕਰਵਾਇਆ ਗਿਆ ਸੀ। ਪੁਲਿਸ ਅਨੁਸਾਰ ਇਸ ਸਾਜ਼ਸ਼ ਵਿਚ ਜਸਵਿੰਦਰ ਕੌਰ, ਅੰਜਲੀ, ਸੁਰਜੀਤ ਸਿੰਘ, ਜਸਵਿੰਦਰ ਸਿੰਘ ਤੇ ਜਸਬੀਰ ਕੌਰ ਸਮੇਤ ਕਈ ਵਿਅਕਤੀ ਸ਼ਾਮਲ ਸਨ। ਮੁਲਜ਼ਮਾਂ ਦੀ ਨਿਸ਼ਾਨਦੇਹੀ 'ਤੇ ਪੁਲਿਸ ਨੇ ਰਾਜਸਥਾਨ ਤੋਂ ਪੀੜਤਾ ਨੂੰ ਸੁਰੱਖਿਅਤ ਬਰਾਮਦ ਕਰ ਲਿਆ। ਡੀਐਸਪੀ ਨੇ ਦਸਿਆ ਕਿ ਗ੍ਰਿਫ਼ਤਾਰ ਮੁਲਜ਼ਮਾਂ ਦਾ ਪੁਲਿਸ ਰਿਮਾਂਡ ਹਾਸਲ ਕਰ ਲਿਆ ਗਿਆ ਹੈ। ਉਨ੍ਹਾਂ ਤੋਂ ਪੁਛਗਿਛ ਕੀਤੀ ਜਾ ਰਹੀ ਹੈ ਤੇ ਗਰੋਹ ਨਾਲ ਜੁੜੇ ਹੋਰ ਫ਼ਰਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ। ਪੁਲਿਸ ਦਾ ਕਹਿਣਾ ਹੈ ਕਿ ਮਾਮਲੇ ਨਾਲ ਜੁੜੇ ਬਾਕੀ ਮੁਲਜ਼ਮਾਂ ਨੂੰ ਵੀ ਜਲਦੀ ਕਾਬੂ ਕਰ ਲਿਆ ਜਾਵੇਗਾ।

ਇਕ ਨਜ਼ਰ

ਟੈਂਕਰ ਵਰਕਸ਼ਾਪ 'ਚ ਧਮਾਕਾ, ਇਕ ਦੀ ਮੌਤ

ਪਠਾਨਕੋਟ, 30 ਜੁਲਾਈ (ਪਪ) : ਪਠਾਨਕੋਟ ਅੰਮ੍ਰਿਤਸਰ ਨੈਸ਼ਨਲ ਹਾਈਵੇ 'ਤੇ ਪੈਂਦੇ ਪਿੰਡ ਸਰਨਾ ਛੋਟੀ ਨਹਿਰ ਨੇੜੇ ਇਕ ਟੈਂਕਰ ਵਰਕਸ਼ਾਪ 'ਚ ਜ਼ੋਰਦਾਰ ਧਮਾਕਾ ਹੋ ਗਿਆ। ਜਾਣਕਾਰੀ ਅਨੁਸਾਰ ਮੁਰੰਮਤ ਲਈ ਆਏ ਟੈਂਕਰ ਦੇ ਅੰਦਰ ਵੈਲਡਿੰਗ ਦਾ ਕੰਮ ਦੋ ਜਣੇ ਕਰ ਰਹੇ ਸਨ। ਇਸ ਦੌਰਾਨ ਟੈਂਕਰ ਦੇ ਅੰਦਰ ਗੈਸ ਬਣਨ ਕਾਰਨ ਅਚਾਨਕ ਧਮਾਕਾ ਹੋ ਗਿਆ, ਜਿਸ 'ਚ ਇਕ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਦੂਜਾ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਿਆ। ਜ਼ਖ਼ਮੀ ਨੂੰ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ ਹੈ। ਮੌਕੇ 'ਤੇ ਪਹੁੰਚੀ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਪੀੜਤ ਪਰਵਾਰ ਦੇ ਮੈਂਬਰਾਂ ਨੇ ਪੁਲਿਸ ਤੋਂ ਪੂਰੇ ਮਾਮਲੇ ਦੀ ਜਾਂਚ ਦੀ ਮੰਗ ਕੀਤੀ ਹੈ। ਪਰਵਾਰਕ ਮੈਂਬਰਾਂ ਨੇ ਕਿਹਾ ਕਿ ਮਰਨ ਵਾਲਾ ਗ਼ਰੀਬ ਪਰਵਾਰ ਨਾਲ ਸਬੰਧ ਰਖਦਾ ਸੀ, ਇਸ ਲਈ ਵਰਕਸ਼ਾਪ ਮਾਲਕ ਉਨ੍ਹਾਂ ਦੀ ਮਦਦ ਜ਼ਰੂਰ ਕਰੇ।

ਸੜਕ ਹਾਦਸੇ 'ਚ ਦੋ ਦੀ ਮੌਤ

ਫ਼ਤਹਿਗੜ੍ਹ ਸਾਹਿਬ, 30 ਜੁਲਾਈ (ਸੇਠੀ) : ਚੰਡੀਗੜ੍ਹ-ਸਰਹਿੰਦ ਮਾਰਗ 'ਤੇ ਬੁਧਵਾਰ ਦੇਰ ਰਾਤ ਕਰੀਬ 11 ਵਜੇ ਪਿੰਡ ਪੀਰ ਜੈਨ ਦੇ ਨਜ਼ਦੀਕ ਇਕ ਦਰਦਨਾਕ ਅਤੇ ਸੜਕ ਹਾਦਸਾ ਵਾਪਰ ਗਿਆ। ਚੰਡੀਗੜ੍ਹ ਵਲੋਂ ਆ ਰਹੇ ਇਕ ਟਰੱਕ ਨੇ ਸਕੂਟਰੀ ਨੂੰ ਅਪਣੀ ਲਪੇਟ ਵਿਚ ਲੈ ਲਿਆ। ਟੱਕਰ ਇੰਨੀ ਜ਼ਬਰਦਸਤ ਸੀ ਕਿ ਸਕੂਟਰੀ ਸਿੱਧੀ ਟਰੱਕ ਦੇ ਹੇਠਾਂ ਜਾ ਵੜੀ, ਜਿਸ ਕਾਰਨ ਅਚਾਨਕ ਭਿਆਨਕ ਅੱਗ ਭੜਕ ਉੱਠੀ। ਦੇਖਦਿਆਂ ਹੀ ਦੇਖਦਿਆਂ ਅੱਗ ਨੇ ਦੋਵਾਂ ਵਾਹਨਾਂ ਨੂੰ ਅਪਣੀ ਲਪੇਟ 'ਚ ਲੈ ਲਿਆ। ਹਾਦਸੇ ਵਿਚ ਸਕੂਟਰੀ 'ਤੇ ਸਵਾਰ ਦੋਵੇਂ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਪਿੰਡ ਕੋਟਲਾ ਬਜਵਾੜਾ ਦੇ ਰਹਿਣ ਵਾਲੇ 42 ਸਾਲਾ ਮਨਦੀਪ ਸਿੰਘ ਅਤੇ ਪਿੰਡ ਮਾਨੂਪੁਰ ਦੀ ਰਹਿਣ ਵਾਲੀ 25 ਸਾਲਾ ਪੂਜਾ ਵਜੋਂ ਹੋਈ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪੰਜਾਬ ਪੁਲਿਸ ਦੀ ਸੜਕ ਸੁਰੱਖਿਆ ਫੋਰਸ ਤੇ ਥਾਣਾ ਬਡਾਲੀ ਆਲਾ ਸਿੰਘ ਦੀ ਪੁਲਸ ਟੀਮ ਤੁਰਤ ਮੌਕੇ 'ਤੇ ਪਹੁੰਚੀ। ਪੁਲਿਸ ਨੇ ਅੱਗ 'ਤੇ ਕਾਬੂ ਪਾਇਆ ਤੇ ਆਵਾਜਾਈ ਨੂੰ ਸੁਚਾਰੂ ਕਰਵਾਇਆ। ਹਾਦਸੇ ਦੇ ਕਾਰਨਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਤੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿਤੀ ਗਈ ਹੈ।

1.1 ਕਿਲੋ ਹੈਰੋਇਨ ਬਰਾਮਦ, ਦੋ ਔਰਤਾਂ ਸਮੇਤ ਚਾਰ ਜਣੇ ਕਾਬੂ

ਐਸ.ਏ.ਐਸ. ਨਗਰ, 30 ਜੁਲਾਈ (ਸਤਵਿੰਦਰ ਸਿੰਘ ਧੜਾਕ) : ਐਂਟੀ ਨਾਰਕੋਟਿਕਸ ਟਾਸਕ ਫ਼ੋਰਸ (ਏਐਨਟੀਐਫ) ਨੇ ਵੱਡੀ ਕਾਰਵਾਈ ਕਰਦਿਆਂ ਦੋ ਔਰਤਾਂ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਕੇ ਉਨ੍ਹਾਂ ਦੇ ਕਬਜ਼ੇ ਵਿਚੋਂ 1.1 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਮੁਲਜ਼ਮਾਂ ਦੀ ਪਛਾਣ ਸਾਹਿਲ, ਰਮਨਦੀਪ ਕੌਰ, ਸੰਧਿਆ ਅਤੇ ਸੁਖਵਿੰਦਰ ਸਿੰਘ ਵਜੋਂ ਹੋਈ ਹੈ। ਪੁਲਿਸ ਅਨੁਸਾਰ ਕਾਰਵਾਈ ਦੀ ਸ਼ੁਰੂਆਤ ਸਾਹਿਲ ਦੀ ਗ੍ਰਿਫ਼ਤਾਰੀ ਨਾਲ ਹੋਈ ਸੀ। ਉਸ ਤੋਂ ਪੁਛਗਿਛ ਦੌਰਾਨ ਮਿਲੀ ਜਾਣਕਾਰੀ ਦੇ ਆਧਾਰ 'ਤੇ ਜਾਂਚ ਦਾ ਦਾਇਰਾ ਵਧਾਇਆ ਗਿਆ ਤੇ ਬਾਅਦ ਵਿਚ ਰਮਨਦੀਪ ਕੌਰ, ਸੰਧਿਆ ਅਤੇ ਸੁਖਵਿੰਦਰ ਸਿੰਘ ਨੂੰ ਵੀ ਕਾਬੂ ਕਰ ਲਿਆ ਗਿਆ। ਪੁਲਿਸ ਵਲੋਂ ਕੀਤੀ ਗਈ ਛਾਪੇਮਾਰੀ ਦੌਰਾਨ ਕੁੱਲ 1.1 ਕਿਲੋਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਦਾ ਕਹਿਣਾ ਹੈ ਕਿ ਗ੍ਰਿਫ਼ਤਾਰ ਮੁਲਜ਼ਮਾਂ ਦੇ ਸਬੰਧ ਕਿਸੇ ਵੱਡੇ ਨਸ਼ਾ ਤਸਕਰੀ ਗਿਰੋਹ ਨਾਲ ਹੋ ਸਕਦੇ ਹਨ। ਇਸ ਲਈ ਮਾਮਲੇ ਦੀ ਹਰ ਪੱਖੋਂ ਜਾਂਚ ਕੀਤੀ ਜਾ ਰਹੀ ਹੈ। ਚਾਰਾਂ ਮੁਲਜ਼ਮਾਂ ਵਿਰੁਧ ਮਾਮਲਾ ਦਰਜ ਕਰ ਕੇ ਅਦਾਲਤ ਵਿਚ ਪੇਸ਼ ਕੀਤਾ ਗਿਆ, ਜਿੱਥੋਂ ਉਨ੍ਹਾਂ ਨੂੰ ਨਿਆਂਇਕ ਹਿਰਾਸਤ ਵਿਚ ਭੇਜ ਦਿਤਾ ਗਿਆ।

ਪੰਜਾਬ ਬੰਦ ਦੌਰਾਨ ਅੰਮ੍ਰਿਤਸਰ 'ਚ ਪੁਲਿਸ ਮੁਲਾਜ਼ਮ ਦੀ ਮੌਤ

ਅੰਮ੍ਰਿਤਸਰ, 30 ਜੁਲਾਈ (ਵਿੱਕੀ ਉਮਰਾਨੰਗਲ) : ਪੰਜਾਬ ਬੰਦ ਦੇ ਸੱਦੇ 'ਤੇ ਜਿੱਥੇ ਭੰਡਾਰੀ ਪੁੱਲ ਪ੍ਰਦਰਸ਼ਨਕਾਰੀਆਂ ਵਲੋਂ ਬੰਦ ਕੀਤਾ ਗਿਆ ਸੀ। ਉਥੇ ਹੀ ਥਾਂ-ਥਾਂ 'ਤੇ ਰੋਕਾਂ ਲਗਾਉਣ ਲਈ ਰੱਸੀਆਂ ਵੀ ਬੰਨੀਆਂ ਗਈਆਂ ਸਨ। ਇਸੇ ਰੱਸੀ ਨਾਲ ਇਕ ਪੁਲਿਸ ਮੁਲਾਜ਼ਮ ਦੇ ਟਕਰਾਉਣ ਕਾਰਨ ਉਸ ਦੀ ਮੌਤ ਹੋ ਗਈ। ਪੁਲਿਸ ਮੁਲਾਜ਼ਮ ਡਿਊਟੀ 'ਤੇ ਤੈਨਾਤ ਸੀ। ਉਸ ਨੂੰ ਕਿਸੇ ਜ਼ਰੂਰੀ ਕਾਰਨ ਘਰ ਜਾਣਾ ਪਿਆ ਸੀ ਅਤੇ ਰਸਤੇ 'ਚ ਉਹ ਰੱਸੀ ਦੇ ਨਾਲ ਟਕਰਾ ਗਿਆ। ਮੌਕੇ 'ਤੇ ਜ਼ਮੀਨ 'ਤੇ ਡਿੱਗਣ ਦੇ ਨਾਲ ਲੱਗੀ ਸੱਟ ਦੌਰਾਨ ਉਸ ਦੀ ਮੌਤ ਹੋ ਗਈ। ਹਰਪਾਲ ਸਿੰਘ ਏਡੀਸੀਪੀ ਨੇ ਦਸਿਆ ਕਿ ਪ੍ਰਦਰਸ਼ਨ ਦੌਰਾਨ ਕਾਨੂੰਨ ਵਿਵਸਥਾ ਕਾਇਮ ਰੱਖਣ ਲਈ ਇੱਥੇ ਪੁਲਿਸ ਮੁਲਾਜ਼ਮ ਤੈਨਾਤ ਸਨ, ਉੱਥੇ ਆਈਆਰਬੀ ਦਾ ਜਵਾਨ ਰਣਬੀਰ ਸਿੰਘ ਵੀ ਤਾਇਨਾਤ ਸਿੰਘ, ਜੋ ਬਟਾਲੇ ਦਾ ਰਹਿਣ ਵਾਲਾ ਹੈ। ਮੁਲਾਜ਼ਮ ਨੇ ਆ ਕੇ ਦਸਿਆ ਕਿ ਉਸ ਦੇ ਬੇਟੇ ਦਾ ਐਕਸੀਡੈਂਟ ਹੋ ਗਿਆ ਹੈ ਜਿਸ ਕਾਰਨ ਉਸ ਨੂੰ ਘਰ ਜਾਣਾ ਪਵੇਗਾ। ਏਡੀਸੀਪੀ ਹਰਪਾਲ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਜਵਾਨ ਰਣਬੀਰ ਸਿੰਘ ਨੂੰ ਅਪਣੇ ਬੇਟੇ ਦੀ ਸੰਭਾਲ ਲਈ ਤੁਰਤ ਜਾਣ ਲਈ ਕਿਹਾ ਅਤੇ ਰਸਤੇ ਵਿਚ ਹੀ ਰਣਬੀਰ ਸਿੰਘ ਦੀ ਹਾਦਸੇ ਦੌਰਾਨ ਮੌਤ ਹੋ ਗਈ।

ਨਿਜੀ ਸਕੂਲ ਦੀ ਬੱਸ ਨਾਲ ਮੋਟਰਸਾਈਕਲ ਦੀ ਟੱਕਰ, ਦੋ ਵਿਦਿਆਰਥੀਆਂ ਦੀ ਮੌਤ

ਲਹਿਰਾਗਾਗਾ, 30 ਜੁਲਾਈ (ਅਮਨਦੀਪ ਸਿੰਘ ਸੰਗਤਪੁਰਾ) : ਮੂਣਕ ਥਾਣਾ ਖੇਤਰ ਅਧੀਨ ਪੈਂਦੇ ਪਿੰਡ ਹਮੀਰਗੜ੍ਹ ਨੇੜੇ ਇਕ ਨਿਜੀ ਸਕੂਲ ਦੀ ਬੱਸ ਅਤੇ ਮੋਟਰਸਾਈਕਲ ਵਿਚਾਲੇ ਹੋਏ ਭਿਆਨਕ ਸੜਕ ਹਾਦਸੇ ਵਿਚ ਦੋ ਵਿਦਿਆਰਥੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਸ ਦੁਖਦਾਈ ਘਟਨਾ ਤੋਂ ਬਾਅਦ ਇਲਾਕੇ ਵਿਚ ਸੋਗ ਦੀ ਲਹਿਰ ਫੈਲ ਗਈ, ਜਦਕਿ ਗੁੱਸੇ ਵਿਚ ਆਏ ਲੋਕਾਂ ਨੇ ਮੂਣਕ-ਪਾਤੜਾਂ ਮੁੱਖ ਮਾਰਗ ਜਾਮ ਕਰਕੇ ਰੋਸ ਪ੍ਰਦਰਸ਼ਨ ਕੀਤਾ। ਜਾਣਕਾਰੀ ਅਨੁਸਾਰ ਹਮੀਰਗੜ੍ਹ ਸਥਿਤ ਬਚਪਨ ਇੰਟਰਨੈਸ਼ਨਲ ਪਬਲਿਕ ਸਕੂਲ ਦੀ ਬੱਸ ਵਿਦਿਆਰਥੀਆਂ ਨੂੰ ਛੱਡਣ ਲਈ ਨੇੜਲੇ ਪਿੰਡ ਸੇਲਵਾਲਾ ਵਲ ਜਾ ਰਹੀ ਸੀ। ਇਸ ਦੌਰਾਨ ਰਸਤੇ ਵਿਚ ਬੱਸ ਅਤੇ ਮੋਟਰਸਾਈਕਲ ਦੀ ਟੱਕਰ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਮੋਟਰਸਾਈਕਲ ਸਵਾਰ ਦੋਵੇਂ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮੌਕੇ 'ਤੇ ਮੌਜੂਦ ਲੋਕਾਂ ਅਨੁਸਾਰ ਮ੍ਰਿਤਕ ਦੋਵੇਂ ਨੌਜਵਾਨ ਸਰਕਾਰੀ ਸਕੂਲ ਦੇ ਵਿਦਿਆਰਥੀ ਸਨ। ਘਟਨਾ ਦੀ ਸੂਚਨਾ ਮਿਲਦੇ ਹੀ ਵੱਡੀ ਗਿਣਤੀ ਵਿਚ ਲੋਕ ਇਕੱਠੇ ਹੋ ਗਏ ਅਤੇ ਰੋਸ ਵਜੋਂ ਮੂਣਕ-ਪਾਤੜਾਂ ਮੁੱਖ ਮਾਰਗ 'ਤੇ ਧਰਨਾ ਲਗਾ ਕੇ ਆਵਾਜਾਈ ਠੱਪ ਕਰ ਦਿਤੀ। ਪ੍ਰਦਰਸ਼ਨਕਾਰੀਆਂ ਨੇ ਸਕੂਲ ਪ੍ਰਬੰਧਨ ਵਿਰੁਧ ਨਾਹਰੇਬਾਜ਼ੀ ਕਰਦਿਆਂ ਪ੍ਰਸ਼ਾਸਨ ਤੋਂ ਹਾਦਸੇ ਲਈ ਜ਼ਿੰਮੇਵਾਰ ਵਿਅਕਤੀਆਂ ਵਿਰੁਧ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ। ਘਟਨਾ ਦੀ ਸੂਚਨਾ ਮਿਲਣ ਉਪਰੰਤ ਪੁਲਿਸ ਮੌਕੇ 'ਤੇ ਪਹੁੰਚੀ ਤੇ ਹਾਲਾਤ ਨੂੰ ਕਾਬੂ ਵਿਚ ਲੈਣ ਦੇ ਨਾਲ-ਨਾਲ ਹਾਦਸੇ ਦੀ ਜਾਂਚ ਸ਼ੁਰੂ ਕਰ ਦਿਤੀ।

ਸੁਤੰਤਰਤਾ ਸੰਗਰਾਮੀ ਪ੍ਰਵਾਰਾਂ ਵਲੋਂ ਸਨਮਾਨ ਸਹੂਲਤਾਂ ਲਈ ਪ੍ਰਮੁੱਖ ਸਕੱਤਰ ਨਾਲ ਮੀਟਿੰਗ

ਚੰਡੀਗੜ੍ਹ, 30 ਜੁਲਾਈ (ਭੁੱਲਰ): ਆਜ਼ਾਦੀ ਘੁਲਾਟੀਆਂ ਦੇ ਪ੍ਰਤੀਨਿਧਾਂ ਦੇ ਇਕ ਵਫ਼ਦ ਦੀ ਮੀਟਿੰਗ ਅੱਜ ਪੰਜਾਬ ਸਕੱਤਰੇਤ ਵਿਖੇ ਫ਼ਰੀਡਮ ਫ਼ਾਈਟਰ ਵਿਭਾਗ ਦੇ ਪ੍ਰਮੁੱਖ ਸਕੱਤਰ ਰਾਜੀ ਪੀ ਸ੍ਰੀਵਾਸਤਵ ਨਾਲ ਹੋਈ। ਮੀਟਿੰਗ ਦੌਰਾਨ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਨੇ ਮੰਗਾਂ ਪ੍ਰਮੁੱਖ ਸਕੱਤਰ ਸਾਹਮਣੇ ਰੱਖੀਆਂ। ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਵਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪ੍ਰਵਾਰਾਂ ਦੀਆਂ ਸਨਮਾਨ ਸਹੂਲਤਾਂ ਸਬੰਧੀ ਨੋਟੀਫ਼ੀਕੇਸ਼ਨ ਜਾਰੀ ਨਹੀਂ ਕੀਤਾ ਗਿਆ। ਸੂਬਾ ਕਨਵੀਨਰ ਪ੍ਰਕਾਸ਼ ਧਾਲੀਵਾਲ ਨੇ ਮੀਟਿੰਗ ਦੌਰਾਨ ਪਿਛਲੇ ਏਜੰਡੇ ਨੂੰ ਲਾਗੂ ਕਰਨ ਦੀ ਮੰਗ ਕੀਤੀ। ਪ੍ਰਮੁੱਖ ਸਕੱਤਰ ਨੂੰ ਸੂਬਾ ਜਥੇਬੰਦੀ ਦੇ ਆਗੂਆਂ ਨੇ ਅਪੀਲ ਕੀਤੀ ਕਿ 15 ਅਗੱਸਤ ਤੋਂ ਪਹਿਲਾਂ ਸੁਤੰਤਰਤਾ ਸੰਗਰਾਮੀ ਪ੍ਰਵਾਰਾਂ ਦੀਆਂ ਸਨਮਾਨ ਸਹੂਲਤਾਂ ਲਾਗੂ ਕਰਨ ਸਬੰਧੀ ਨੋਟੀਫ਼ੀਕੇਸ਼ਨ ਜਾਰੀ ਕੀਤਾ ਜਾਵੇ। ਆਗੂਆਂ ਨੇ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਪੈਨਲ ਮੀਟਿੰਗ ਕਰਵਾਉਣ ਦਾ ਪ੍ਰਬੰਧ ਵਿਭਾਗ ਵਲੋਂ ਕੀਤਾ ਜਾਵੇ। ਸੁਤੰਤਰਤਾ ਸੰਗਰਾਮੀ ਜਥੇਬੰਦੀ ਨੇ ਮੁੱਖ ਸਨਮਾਨ ਸਹੂਲਤਾਂ ਚੌਥੀ ਪੀੜ੍ਹੀ ਨੂੰ ਕਾਨੂੰਨੀ ਮਾਨਤਾ ਦੇਣ, ਬੇਰੁਜ਼ਗਾਰ ਵਿਆਹੇ ਪੁੱਤਰ ਨੂੰ ਪੈਨਸ਼ਨ ਸਕੀਮ, ਵਖਰਾ ਪ੍ਰਮੋਸ਼ਨ ਚੈਨਲ, ਬਿਨਾਂ ਸ਼ਰਤ ਬਿਜਲੀ ਸਹੂਲਤ, ਮਾਣ ਸਨਮਾਨ ਦੀਆਂ ਹਦਾਇਤਾਂ ਆਦਿ ਨੂੰ ਤੁਰਤ ਲਾਗੂ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਐਸੋਸੀਏਸ਼ਨ ਦੇ ਸੂਬਾਈ ਵਫ਼ਦ ਵਿਚ ਮਨਜੀਤ ਸਿੰਘ ਵਿਰਕ, ਅਮਰਪ੍ਰੀਤ ਸਿੰਘ ਬੋਬੀ, ਪਰਦੁਮਨ ਸਿੰਘ ਢੀਂਡਸਾ, ਕਮਲਦੀਪ ਸਿੰਘ ਗਿੱਲ ਵੀ ਮੌਜੂਦ ਸਨ।

ਆਵਾਰਾ ਕੁੱਤਿਆਂ ਦੇ ਹਮਲੇ ਕਾਰਨ ਮਾਂ-ਪੁੱਤਰ ਸਕੂਟੀ ਤੋਂ ਡਿੱਗੇ, ਬੱਚੇ ਦਾ ਸਿਰ ਫਟਿਆ

ਜਲੰਧਰ, 30 ਜੁਲਾਈ (ਪਪ) : ਜਲੰਧਰ ਵਿਚ ਇਕ ਔਰਤ 'ਤੇ ਆਵਾਰਾ ਕੁੱਤਿਆਂ ਨੇ ਹਮਲਾ ਕਰ ਦਿਤਾ, ਜਦੋਂ ਉਹ ਅਪਣੇ ਬੱਚੇ ਨੂੰ ਸਕੂਲ ਤੋਂ ਲੈ ਕੇ ਵਾਪਸ ਆ ਰਹੀ ਸੀ। ਕੁੱਤਿਆਂ ਦੇ ਹਮਲੇ ਕਾਰਨ ਸਕੂਟੀ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਡਿੱਗ ਗਈ, ਜਿਸ ਕਾਰਨ ਮਾਂ ਅਤੇ ਬੇਟਾ ਦੋਵੇਂ ਜ਼ਖ਼ਮੀ ਹੋ ਗਏ। ਬੱਚੇ ਦੇ ਸਿਰ 'ਤੇ ਸੱਟ ਲੱਗੀ ਹੈ। ਇਸ ਦੇ ਨਾਲ ਹੀ, ਨਗਰ ਨਿਗਮ ਵਲੋਂ ਡੌਗ ਪੌਂਡ ਦੇ ਨਿਰਮਾਣ ਕਾਰਜ ਵਿਚ ਵਰਤੀ ਜਾ ਰਹੀ ਲਾਪ੍ਰਵਾਹੀ ਨੂੰ ਲੈ ਕੇ ਠੇਕੇਦਾਰ ਨੂੰ ਬਲੈਕਲਿਸਟ ਕਰਨ ਦਾ ਨੋਟਿਸ ਜਾਰੀ ਕੀਤਾ ਗਿਆ ਹੈ। ਇਹ ਘਟਨਾ ਜਲੰਧਰ ਦੇ ਨਿਊ ਕਮਲ ਵਿਹਾਰ ਇਲਾਕੇ ਦੀ ਹੈ। ਜੀਟੀਬੀ ਨਗਰ ਦੀ ਰਹਿਣ ਵਾਲੀ ਅਕਾਲਦੀਪ ਕੌਰ ਅਪਣੇ ਨਰਸਰੀ ਵਿਚ ਪੜ੍ਹਦੇ ਬੇਟੇ ਜਸਕੀਰਤ ਨੂੰ ਇਨੋਸੈਂਟ ਹਾਰਟ ਸਕੂਲ ਤੋਂ ਛੁੱਟੀ ਤੋਂ ਬਾਅਦ ਸਕੂਟੀ 'ਤੇ ਘਰ ਲੈ ਕੇ ਆ ਰਹੀ ਸੀ। ਜਿਵੇਂ ਹੀ ਉਹ ਨਿਊ ਕਮਲ ਵਿਹਾਰ ਦੇ ਕੋਲ ਪਹੁੰਚੀਆਂ, ਆਵਾਰਾ ਕੁੱਤਿਆਂ ਦੇ ਇਕ ਝੁੰਡ ਨੇ ਅਚਾਨਕ ਉਨ੍ਹਾਂ ਦੀ ਸਕੂਟੀ 'ਤੇ ਹਮਲਾ ਕਰ ਦਿਤਾ। ਅਚਾਨਕ ਹੋਏ ਇਸ ਹਮਲੇ ਨਾਲ ਅਕਾਲਦੀਪ ਕੌਰ ਘਬਰਾ ਗਈ ਅਤੇ ਉਨ੍ਹਾਂ ਦੀ ਸਕੂਟੀ ਦਾ ਸੰਤੁਲਨ ਵਿਗੜ ਗਿਆ।

ਉੱਤਰ ਰੇਲਵੇ

ਖੁਲੀ ਈ-ਟੈਂਡਰ ਸੂਚਨਾ

ਪ੍ਰਮੁੱਖ ਮੁੱਖ ਇੰਜੀਨੀਅਰ/ਪਰਿਯੋਜਨਾ, ਅੰਬਾਲਾ ਕੈਂਟ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੇ ਕੰਮਾਂ ਦੇ ਲਈ ਵੇਬਸਾਈਟ www.ireps.gov.in ਉਤੇ ਖੁਲੀ ਈ-ਟੈਂਡਰਾ ਮੰਗ ਕਰਦੇ ਹਨ। ਟੈਂਡਰ ਕਾਰ ਅਪਣਾ ਮੂਲ / ਸੰਸ਼ੋਧਿਤ ਪ੍ਰਸਤਾਵ ਨਿਰਧਾਰਿਤ ਸਮਾਪਨ ਸਮਾਂ ਅਤੇ ਮਿਤੀ ਤਕ ਪੇਸ਼ ਕਰ ਸਕਦੇ ਹਨ। ਕੋਈ ਵੀ ਟੈਂਡਰ ਮੈਨੂੰਅਲ ਰੂਪ ਤੋਂ ਸਵੀਕਾਰ ਨਹੀਂ ਕੀਤੀ ਜਾਵੇਗੀ।

ਟੈਂਡਰ ਨੰਬਰ : NR-Pr-UMB-RC-25226-A

ਕੰਮ ਦਾ ਨਾਮ :- "09 ਨੰਬਰ ਰੇਲ ਕ੍ਰੇਨਾਂ ਦੀ ਮੁਰੰਮਤ ਅਤੇ ਫਿਟਮੇਂਟ, 02 ਸਾਲ ਦੇ ਸਲਾਨਾ ਅਨੁਰੱਖਸ਼ਣ ਅਨੁਬੰਧ (AMC) ਸਹਿਤ, ਜਿਸ ਵਿਚ ਵਿਦਮਾਨ BFR ਤੋਂ ਰੇਲ ਕ੍ਰੇਨ ਨੂੰ ਖੋਲਣਾ ਅਤੇ POH/ROH ਦੇ ਉਪਰਾਂਤ ਉਸ ਪ੍ਰਕਾਰ ਦੇ BFR ਉਤੇ ਦੋਬਾਰਾ: ਸਥਾਪਿਤ ਕਰਨ (ਮਾਊਂਟ-ਰੀ) ਦਾ ਪ੍ਰਾਵਧਾਨ ਸ਼ਾਮਿਲ ਹੈ।"

ਲਾਗਭਗ ਲਾਗਤ (ਰੁ:)	ਬਿਆਨਾ ਰਾਸ਼ੀ (ਰੁ:)	ਕੰਮ ਪੂਰਾ ਕਰਨ ਦਾ ਸਮਾਂ (ਮਹੀਨੇ)	ਟੈਂਡਰ ਦਸਤਾਵੇਜ ਦੀ ਲਾਗਤ (ਰੁ:)
Rs. 2,37, 55,368.61	Rs. 4,75,100.00	24	Nil
ਟੈਂਡਰ ਬੰਦ ਦੀ ਮਿਤੀ	**ਟੈਂਡਰ ਖੁਲਣ ਦੀ ਮਿਤੀ**	**ਪ੍ਰੀਬਿਡ ਕਾਂਫ੍ਰੇਂਸ**	
25.08.2026 at 15:00 hrs.	25.08.2026 at 15:30 hrs.	ਨਹੀ	

ਕੰਮ ਦੀ ਸਮਾਨ ਪ੍ਰਕ੍ਰਿਤੀ : ਓਈਐਮ (OEM) ਜਾਂ 05 ਟਨ ਸ਼ਮਤਾ ਜਾਂ ਉਸਤੋਂ ਜ਼ਿਆਦਾ ਦੇ ਵੈਗਨ-ਮਾਊਂਟੇਡ ਰੇਲ ਕ੍ਰੇਨਾਂ ਦੇ ਅਨੁਸੂਚਿਤ ਅਨੁਰੱਖਸ਼ਣ/ਮੁਰੰਮਤ/ਪੁਨਰਸਾਧਾਰਣ (Reconditioning) ਅਨੁਬੰਧ ਨੂੰ ਰੇਲਵੇ ਜਾਂ ਕੇਂਦਰ ਸਰਕਾਰ ਜਾਂ ਰਾਜ ਸਰਕਾਰ ਜਾਂ ਸਾਰਵਜਨਿਕ ਖੇਤਰ ਉਪਕ੍ਰਮ (PSU) ਵਿਚ ਪੂਰਾ ਕਰਨ ਦਾ ਅਨੁਭਵ ਰੱਖਣ ਵਾਲੇ OEM ਦੇ ਅਧਿਕ੍ਰਿਤ ਡੀਲਰ।" ਜਾਂ "ਰੇਲਵੇ ਜਾਂ ਕੇਂਦਰ ਸਰਕਾਰ ਜਾਂ ਰਾਜ ਸਰਕਾਰ ਜਾਂ ਸਾਰਵਜਨਿਕ ਖੇਤਰ ਉਪਕ੍ਰਮ (PSU) ਵਿਚ 05 ਟਨ ਸ਼ਮਤਾ ਜਾਂ ਉਸਤੋਂ ਜ਼ਿਆਦਾ ਦੇ ਵੈਗਨ-ਮਾਊਂਟੇਡ ਰੇਲ ਕ੍ਰੇਨਾਂ ਦੇ ਅਨੁਸੂਚਿਤ ਅਨੁਰੱਖਸ਼ਣ/ਮੁਰੰਮਤ/ਪੁਨਰਸਾਧਾਰਣ (Reconditioning) ਅਨੁਬੰਧ ਨੂੰ ਸੰਤੋਸ਼ਜਨਕ ਰੂਪ ਤੋਂ ਪੂਰਾ ਕਰਨ ਦਾ ਅਨੁਭਵ।"

ਟੈਂਡਰ ਦਸਤਾਵੇਜ ਰੇਲਵੇ ਦੀਵੇਬਸਾਈਟ www.ireps.gov.in ਉਤੇ ਉਪਲਬਧ ਹੈ ਅਤੇ ਇਨ੍ਹਾਂ ਨੂੰ ਉਥੋ ਤੋਂ ਡਾਊਨਲੋਡ ਕੀਤਾ ਜਾਂ ਸਕਦਾ ਹੈ। ਈ-ਟੈਂਡਰਿੰਗ ਦੇ ਸਬੰਧ ਵਿਚ ਬਿਆਨਾ ਰਾਸ਼ੀ/ਬਿਆਨਾ ਰਾਸ਼ੀ ਜਮਾਂ (Bid security) ਅਤੇ ਟੈਂਡਰ ਦਸਤਾਵੇਜ ਲਾਗਤ (TDC) ਕੇਵਲ ਨੇਟ ਬੈਂਕਿੰਗ ਅਤੇ ਭੁਗਤਾਨ ਗੇਟਵੇ ਦੇ ਦੁਵਾਰਾ ਹੀ ਸਵੀਕਾਰ ਕੀਤੀ ਜਾਵੇਗੀ। ਸਾਫਟਵੇਅਰ (ਆਈ.ਆਰ.ਈ.ਪੀ.ਐਸ.) ਵਿਚ ਬੈਂਕ ਖਾਤਾ ਨੰਬਰ ਅਤੇ ਤਕਨੀਕੀ ਵੇਰਵੇ ਉਪਲਬਧ ਕਰਾਏ ਗਏ ਹਨ, ਜਿਨ੍ਹਾਂ ਤਕ ਸਬੰਧਿਤ ਪੰਜਕ੍ਰਿਤ ਟੈਂਡਰ ਕਰਤਾਵਾਂ ਨੂੰ ਟੈਂਡਰ ਦੇ ਸਮੇਂ ਪਹੁੰਚ ਹੋਵੇਗੀ। ਨੋਟ : ਤਕਨੀਕੀ ਅਤੇ ਵਿਤੀਯ ਪਾਤਰਤਾ ਅ ਤੇ ਹੋਰ ਸਾਰੇ ਨਿਯਮ ਅਤੇ ਸ਼ਰਤਾਂ, ਟੈਂਡਰ ਦਸਤਵੇਜ ਵਿਚ ਦੇਖੀ ਜਾਂ ਸਕਦੀ ਹੈ ਅਤੇ ਰੇਲਵੇ ਦੀ ਵੇਬਸਾਈਟ ਯਾਨੀ www.ireps.gov.in ਤੋਂ ਡਾਊਨਲੋਡ ਕੀਤੀ ਜਾਂ ਸਕਦੀ ਹੈ।

ਨੰ: NR/Proj/UMB/RC/Advt./02 ਮਿਤੀ : 30.07.2026 2633/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

pnb Housing Finance Limited — Ghar Ki Baat

ਅਪੈਂਡਿਕਸ IV-A-ਅਚੱਲ ਜਾਇਦਾਦ (ਦਾਂ) ਦੀ ਈ ਨਿਲਾਮੀ ਵਿਕਰੀ ਸੂਚਨਾ

ਸਕਿਊਰਟਾਈਜ਼ੇਸ਼ਨ ਐਂਡ ਰੀਕਸਟ੍ਰਕਸ਼ਨ ਆਫ਼ ਫ਼ਾਈਨਾਂਸ਼ੀਅਲ ਅਸੇਟਸ ਐਂਡ ਇਨਫ਼ੋਰਸਮੈਂਟ ਆਫ਼ ਸਕਿਊਰਿਟੀ ਇੰਟਰੈਸਟ ਐਕਟ, 2002 ਅਤੇ ਸਕਿਊਰਿਟੀ ਇੰਟਰਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8(6) ਤਹਿਤ ਅਚੱਲ ਜਾਇਦਾਦਾਂ ਦੀ ਵਿਕਰੀ ਲਈ ਈ-ਨੀਲਾਮੀ ਵਿਕਰੀ ਸੂਚਨਾ

ਰਜਿ: ਦਫ਼ਤਰ: ਨੌਵੀਂ ਮੰਜ਼ਿਲ, ਅੰਤਰਿਕਸ਼ ਭਵਨ, 22 ਕਸਤੂਰਬਾ ਗਾਂਧੀ ਮਾਰਗ, ਨਵੀਂ ਦਿੱਲੀ 110001, ਫ਼ੋਨ : 011-23357171, 23357172, 23705414, ਵੈਬ : www.pnbhousing.com

ਜਲੰਧਰ ਬਰਾਂਚ : ਪੀਐਨਬੀ ਹਾਊਸਿੰਗ ਫਾਈਨਾਂਸ ਲਿਮ. ਐਸਸੀਓ 44, ਪਹਿਲੀ ਮੰਜ਼ਿਲ ਪੁੱਡਾ ਕੰਪਲੈਕਸ, ਜਲੰਧਰ-144001, ਪੰਜਾਬ

ਆਮ ਜਨਤਾ ਅਤੇ ਖਾਸ ਤੌਰ 'ਤੇ ਕਾਲਮ 'ਏ' ਵਿਚ ਦਰਸਾਏ ਕਰਜ਼ਦਾਰਾਂ, ਗਿਰਵੀਕਾਰਾਂ ਅਤੇ ਗਰੰਟਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਾਲਮ 'ਡੀ' ਵਿਚ ਦਰਸਾਈਆਂ ਗਈਆਂ ਸਕਿਉਰਡ ਕ੍ਰੈਡੀਟਰ ਕੋਲ ਗਿਰਵੀ/ਚਾਰਜਡ ਅਚੱਲ ਜਾਇਦਾਦਾਂ ਦਾ ਮੈਸ: ਪੀਐਨਬੀ ਹਾਊਸਿੰਗ ਫਾਈਨਾਂਸ ਲਿਮਿਟਿਡ/ਸਕਿਉਰਡ ਕ੍ਰੈਡੀਟਰ ਦੇ ਅਧਿਕਾਰਤ ਅਫ਼ਸਰ ਨੇ ਸਕਿਉਰਡ ਕ੍ਰੈਡੀਟਰ ਕੋਲ ਗਿਰਵੀ/ਰਹਿਣ/ਚਾਰਜਡ ਜਾਇਦਾਦਾਂ ਦਾ (ਕਾਲਮ ਸੀ ਵਿਚ ਦਿਤੇ ਅਨੁਸਾਰ) ਉਸਾਰੂ/ਭੌਤਿਕ ਕਬਜ਼ਾ ਲੈ ਲਿਆ ਹੈ ਅਤੇ ਇਨ੍ਹਾਂ ਨੂੰ ਹੇਠਾਂ ਦਿੱਤੇ ਵੇਰਵੇ ਅਨੁਸਾਰ 'ਜਿਵੇਂ ਹੈ, ਜੋ ਹੈ ਜਿਥੇ ਹੈ' ਅਤੇ ਜੋ ਵੀ ਉਥੇ ਹੈ ਦੇ' ਅਧਾਰ 'ਤੇ ਵੇਚਿਆ ਜਾਵੇਗਾ। ਕਰਜ਼ਦਾਰਾਂ/ਗਿਰਵੀਕਾਰਾਂ/ਕਾਨੂੰਨੀ ਵਾਰਸਾਂ, ਕਾਨੂੰਨੀ ਪ੍ਰਤੀਨਿਧਾਂ (ਭਾਵੇਂ ਜਾਣੇ ਜਾਂ ਅਣਜਾਣੇ) ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਕਿਉਰਿਟੀ ਇੰਟਰਸਟ ਇਨਫੋਰਸਮੈਂਟ ਰੂਲਜ਼ 2002 ਦੇ ਰੂਲ 8(6) ਅਤੇ 9 ਤਹਿਤ ਕਾਲਮ ਨੰ 'ਏ' ਵਿਚ ਦਿਤੇ ਗਏ ਕਰਜ਼ਦਾਰਾਂ/ਗਿਰਵੀਕਾਰਾਂ (ਮੌਤ ਤੋਂ ਬਾਅਦ) ਉਨ੍ਹਾਂ ਦੇ ਐਗਜ਼ੀਕਿਊਟਰਜ਼, ਪ੍ਰਸ਼ਾਸਕ, ਲਾਭਪਾਤਰੀ, ਅਸਾਇਨੀ ਸੋਧੇ ਗਏ ਹਨ। ਵਿਕਰੀ ਦੇ ਨਿਯਮ ਅਤੇ ਸ਼ਰਤਾਂ ਲਈ ਕਿਰਪਾ ਕਰਕੇ ਮੈਸ: ਪੀਐਨਬੀ ਹਾਊਸਿੰਗ ਫਾਈਨਾਂਸ ਲਿਮਿਟਿਡ/ਸਕਿਉਰਡ ਕ੍ਰੈਡੀਟਰ ਦੀ ਵੈਬਸਾਈਟ ਭਾਵ www.pnbhousing.com ਦਾ ਹਵਾਲਾ ਲਓ।

ਲੋਨ ਨੰ., ਕਰਜ਼ਦਾਰ/ਸਹਿ ਕਰਜ਼ਦਾਰ/ਗਰੰਟਰ(ਾਂ)/ਕਾਨੂੰਨੀ ਵਾਰਸਾਂ ਦਾ ਨਾਮ (A)	ਮੰਗੀ ਗਈ ਰਕਮ ਅਤੇ ਮਿਤੀ (B)	ਕਬਜ਼ੇ ਦੀ ਕਿਸਮ (C)	ਗਿਰਵੀ ਜਾਇਦਾਦਾਂ ਦਾ ਵੇਰਵਾ (D)	ਰਾਖਵੀਂ ਕੀਮਤ (ਆਰ.ਪੀ.) (E)	ਈਐਮਡੀ (ਰਾਖਵੀਂ ਕੀਮਤ ਦਾ 10%) (F)	ਬੋਲੀ ਜਮਾਂ ਕਰਾਉਣ ਦੀ ਆਖਰੀ ਮਿਤੀ (G)	ਬੋਲੀ ਵਾਧਾ ਦਰ (H)	ਪੜਤਾਲ ਦੀ ਮਿਤੀ ਤੇ ਸਮਾਂ (I)	ਨਿਲਾਮੀ ਦੀ ਮਿਤੀ ਅਤੇ ਸਮਾਂ (J)	ਕੋਈ ਇੰਜਟ/ਕੋਰਟ ਕੇਸ ਜੇ ਹੋਵੇ ਤਾਂ (K)
HOU/JAL/0623/112572 ਬਰਾਂਚ ਦਫ਼ਤਰ: ਜਲੰਧਰ ਸ੍ਰੀ ਕੁਲਵਿੰਦਰ ਸਿੰਘ ਅਤੇ ਸ੍ਰੀਮਤੀ ਸੁਰਿੰਦਰ ਕੌਰ	Rs. 1781670.27 as on 07.11.2025	ਭੌਤਿਕ ਕਬਜ਼ਾ	ਮਕਾਨ ਸਹਿਤ ਹੈ ਗੁਰੂ ਐਨਕਲੇਵ 18'*24'= 432 ਵ. ਫ਼ੁਟ ਭਾਵ ਲਗਭਗ 2 ਮਰਲੇ 36 ਵ. ਫ਼ੁਟ (ਮਰਲਾ ਮਿਣਤੀ 207 ਵ.ਫ਼ੁਟ), ਘਾਖਲ ਰੋਡ, ਬਸਤੀ ਦਾਨਿਸ਼ਮੰਦਾਂ, ਜਲੰਧਰ, ਪੰਜਾਬ 144001, ਵਿੱਚ ਸ਼ਾਮਲ ਖੇਵਟ/ਖਤੌਨੀ ਨੰ. 473/501, 479/507, ਖਸਰਾ ਨੰ. 521,522,523, ਜਮਾਂਬੰਦੀ ਸਾਲ 2017-18 ਲਈ ਹਦਬਸਤ ਨੰ. 312, ਜਿਸ ਦਾ ਸੇਲ ਡੀਡ ਦਸਤਾਵੇਜ਼ ਨੰ. 2023-24/187/1/3512 ਮਿਤੀ 04.07.2023, ਸ੍ਰੀ ਕੁਲਵਿੰਦਰ ਸਿੰਘ ਦੇ ਨਾਂ, ਹੱਦਾਂ: ਪੂਰਬ: ਜਸਵਿੰਦਰ ਸਿੰਘ/18', ਪੱਛਮ: ਗਲੀ 18' ਚੌੜੀ/18', ਉੱਤਰ: ਗਲੀ 18'ਚੌੜੀ/24', ਦੱਖਣ: ਵੇਚਣ ਵਾਲੇ ਦੀ ਜਾਇਦਾਦ ਦਾ ਬਾਕੀ ਹਿੱਸਾ/24'	Rs. 1743000	Rs. 174300	19-08-26	Rs. 10,000	10-08-26 ਨੂੰ ਸਵੇਰੇ 10.00 ਵਜੇ ਤੋਂ ਸ਼ਾਮ 5.30 ਵਜੇ	20-08-26 ਨੂੰ ਬਾ.ਦੁ. 02.00 ਵਜੇ ਤੋਂ ਬਾ.ਦੁ. 3.00 ਵਜੇ	ਪਤਾ ਨਹੀਂ

* 18% ਸਾਲਾਨਾ ਦੀ ਦਰ ਨਾਲ ਵਿਆਜ ਸਮੇਤ ਜਿਵੇਂ ਕਿ ਲਾਗੂ ਹੋਵੇ, ਆਕਸਮਿਕ ਖ਼ਰਚੇ, ਲਾਗਤਾਂ, ਚਾਰਜਿਜ਼ ਆਦਿ ਨਾਲ, ਜੋ ਕਿ ਅਦਾਇਗੀ ਦੀ ਮਿਤੀ ਤੱਕ ਅਤੇ/ਜਾਂ ਪ੍ਰਾਪਤੀ ਤਕ। ** ਉੱਪਰ ਲਿਖੀਆਂ ਅਚੱਲ ਸੰਪੱਤੀਆਂ/ਸਕਿਉਰਡ ਐਸੇਟਸ 'ਤੇ ਪੀਐਨਬੀ ਹਾਊਸਿੰਗ ਫਾਈਨਾਂਸ ਲਿਮਿਟਿਡ ਦੇ ਅਧਿਕਾਰਤ ਅਫ਼ਸਰ ਦੀ ਪੂਰੀ ਜਾਣਕਾਰੀ ਅਨੁਸਾਰ ਕਾਲਮ ਨੰ 'ਕੇ' ਵਿਚ ਦਿੱਤੇ ਬਿਨਾਂ ਕੋਈ ਦਾਅਵੇਦਾਰੀਆਂ ਨਹੀਂ ਹਨ। ਜੇਕਰ ਕੋਈ ਇੰਜਟ ਹੋਇਆ ਤਾਂ ਸਫ਼ਲ ਬੋਲੀਕਾਰ/ਖ਼ਰੀਦਦਾਰ ਇਸਦੀ ਅਦਾਇਗੀ ਕਰੇਗਾ। ਇੱਛੁਕ ਬੋਲੀਕਾਰ/ਖ਼ਰੀਦਦਾਰ ਨੂੰ ਇਸ ਲਈ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਜਾਇਦਾਦ ਸਬੰਧੀ ਕਿਸੇ ਤਰ੍ਹਾਂ ਦੇ ਇੰਜਟ ਬਾਰੇ ਖ਼ੁਦ ਤਸੱਲੀ ਕਰ ਲੈਣ।
1. ਮਿਤੀ ਅਨੁਸਾਰ, ਉਪਰੋਕਤ ਅਚੱਲ ਜਾਇਦਾਦਾਂ/ਸਕਿਉਰਡ ਅਸਾਮਿਆਂ ਨੂੰ ਵੇਚਣ, ਦੂਰ ਕਰਨ ਜਾਂ ਡਿਸਪੋਜ਼ ਕਰਨ ਲਈ ਪੀਐਨਬੀਐਚਐਫਐਲ/ਪੀਐਨਬੀਐਚਐਫਐਲ ਦੇ ਅਧਿਕਾਰਤ ਅਫ਼ਸਰ ਨੂੰ ਅਦਾਲਤ ਵਲੋਂ ਕੋਈ ਆਦੇਸ਼ ਨਹੀਂ ਹੈ ਅਤੇ ਸਟੇਟਸ ਕਾਲਮ ਨੰ.-ਕੇ ਵਿਚ ਦਰਸਾਇਆ ਗਿਆ ਹੈ। 2. ਚਾਹਵਾਨ ਖ਼ਰੀਦਦਾਰ/ਬੋਲੀਕਾਰ ਅਤੇ ਚਾਹਵਾਨ ਧਿਰਾਂ ਆਜ਼ਾਦਾਨਾ ਤੌਰ 'ਤੇ ਕਾਰਵਾਈ/ਪਾਸ ਹੁਕਮਆਦਿ ਵਿਚ ਜੇ ਕੋਈ ਹੈ ਦੀ ਪੜਤਾਲ ਕਰ ਸਕਦੇ ਹਨ ਜਿਵੇਂ ਕਿ ਕਾਲਮ 'ਕੇ' ਵਿਚ ਦੱਸਿਆ ਗਿਆ ਹੈ। ਜਿਸ ਵਿਚ ਪੀਐਨਬੀਐਚਐਫਐਲ ਦੇ ਦਸਤਾਵੇਜ਼ਾਂ ਨੂੰ ਸ਼ਾਮਲ ਕਰਨਾ ਸੀਮਤ ਨਹੀਂ ਹੈ ਬੋਲੀਕਾਰ/ਟੈਂਡਰਕਾਰ ਅਪਣੇ ਟੈਂਡਰ ਜਮਾਂ ਕਰਾਉਣ ਤੋਂ ਪਹਿਲਾਂ ਆਪਣੀ ਸਤੁਸ਼ਟੀ ਕਰ ਲੈਣ। ਬੋਲੀਕਾਰ ਨੂੰ ਬੋਲੀ ਫਾਰਮ 'ਤੇ ਨਿਲਾਮੀ ਦੇ ਨਿਯਮ ਤੇ ਸ਼ਰਤਾਂ 'ਤੇ ਹਸਤਾਖਰ ਕਰਨੇ ਪੈਂਦੇ ਹਨ। 3. ਕਿਰਪਾ ਕਰਕੇ ਨੋਟ ਕਰੋ ਕਿ ਸਕਿਉਰਿਟੀ ਇੰਟਰਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9(3) ਤਹਿਤ ਵਿਕਰੀ ਰਕਮ ਦਾ 25% ਕਾਨੂੰਨੀ ਬੋਲ ਦੇ ਰੂਪ ਵਿਚ ਉਸੇ ਦਿਨ (ਸਮੇਤ ਬਿਆਨਾ ਰਕਮ, ਜੇਕਰ ਜਮਾਂ ਕੀਤੀ ਹੈ) ਜਾਂ ਅਗਲੇ ਕੰਮ ਕਾਜ ਵਾਲੇ ਦਿਨ ਜਮਾਂ ਕਰਾਉਣਾ ਹੋਵੇਗਾ ਬੋਲੀਕਾਰ ਦੇ ਪੱਖ ਵਿਚ ਵਿਕਰੀ ਦੀ ਪੁਸ਼ਟੀ ਵਿਕਰੀ ਰਕਮ ਦਾ 25% ਪ੍ਰਾਪਤ ਹੋਣ ਪਿੱਛੋਂ ਸਕਿਉਰਡ ਕ੍ਰੈਡੀਟਰ ਵਲੋਂ ਸਕਿਉਰਿਟੀ ਇੰਟਰਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9(2) ਤਹਿਤ ਕੀਤੀ ਜਾਵੇਗੀ। ਬਾਕੀ ਰਹਿੰਦੀ 75% ਰਕਮ ਸਫ਼ਲ ਖ਼ਰੀਦਦਾਰ ਵਲੋਂ ਵਿਕਰੀ ਪੱਤਰ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਅੰਦਰ ਜਮਾਂ ਕਰਵਾਈ ਜਾਵੇਗੀ ਅਤੇ ਜੇਕਰ ਖ਼ਰੀਦਦਾਰ ਵਿਚ ਅਫ਼ਸਲ ਰਿਹਾ ਤਾਂ ਜਾਇਦਾਦ/ਸਕਿਉਰਡ ਐਸੇਟ ਮੁੜ ਤੋਂ ਵੇਚੀ ਜਾਵੇਗੀ। 4. ਮੈਸ : ਸੀ1 ਇੰਡੀਆ ਪ੍ਰਾਈਵੇਟ ਲਿਮਿਟਿਡ ਈ ਨਿਲਾਮੀ ਰਾਹੀਂ ਇਸ ਦੇ ਕਾਰਪੋਰੇਟ ਦਫ਼ਤਰ ਪਲਾਟ ਨੰ. 68, ਤੀਜੀ ਮੰਜ਼ਿਲ, ਸੈਕਟਰ 44, ਗੁੜਗਾਓਂ, ਹਰਿਆਣਾ-122003, ਵੈਬਸਾਈਟ : www.bankeauctions.com ਰਾਹੀਂ ਵਿਕਰੀ ਕਰਨ ਵਿਚ ਅਧਿਕਾਰਤ ਅਫ਼ਸਰ ਦੀ ਸਹਾਇਤਾ ਕਰੇਗੀ। ਜਾਇਦਾਦ ਦੀ ਪੜਤਾਲ ਕਰਨ ਜਾਂ ਬੋਲੀ ਦਸਤਾਵੇਜ਼ ਪ੍ਰਾਪਤ ਕਰਨ ਅਤੇ ਕਿਸੇ ਹੋਰ ਪੁੱਛਗਿੱਛ ਲਈ ਜਾਂ ਰਜਿਸਟ੍ਰੇਸ਼ਨ ਲਈ ਤੁਸੀਂ ਅਸ਼ੀਸ਼ ਕੁਮਾਰ ਸ਼ਰਮਾ, ਨਾਲ ਟੋਲ ਫ੍ਰੀ ਨੰਬਰ : 1800 120 8800, auction@pnbhousing.com, ਅਧਿਕਾਰਤ ਅਫ਼ਸਰ ਪੀਐਨਬੀਐਚਐਫਐਲ ਨਾਲ ਸੰਪਰਕ ਕਰੋ ਜਾਂ www.pnbhousing.com ਦਾ ਹਵਾਲਾ ਲਓ।

ਸਥਾਨ : ਪੰਜਾਬ, ਮਿਤੀ : 31.07.2026 — ਸਹੀ/- ਅਧਿਕਾਰਤ ਅਫ਼ਸਰ, ਮੈਸ. ਪੀਐਨਬੀ ਹਾਊਸਿੰਗ ਫਾਈਨਾਂਸ ਲਿਮਿਟਿਡ